# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :20-06-2026

ਕੱਲ੍ਹ ਦੁਨੀਆ ਭਰ ਵਿੱਚ ਅੰਤਰ-ਰਾਸ਼ਟਰੀ ਯੋਗ ਦਿਵਸ ਮਨਾਇਆ ਜਾਵੇਗਾ। ਇਸ ਸਾਲ, 12ਵੇਂ ਅੰਤਰ-ਰਾਸ਼ਟਰੀ ਯੋਗ ਦਿਵਸ ਦਾ ਵਿਸ਼ਾ "ਸਿਹਤਮੰਦ ਉਮਰ ਲਈ ਯੋਗ" ਰੱਖਿਆ ਗਿਆ ਏ । ਇਹ ਵਿਸ਼ਾ ਹਰ ਉਮਰ ਵਿੱਚ ਯੋਗ ਦੀ ਮਹੱਤਤਾ ਨੂੰ ਦਰਸਾਉਂਦਾ ਏ । ਅੰਤਰ-ਰਾਸ਼ਟਰੀ ਯੋਗ ਦਿਵਸ ਮਨਾਉਣ ਲਈ, ਸੱਭਿਆਚਾਰ ਮੰਤਰਾਲਾ ਦੇਸ਼ ਭਰ ਵਿੱਚ 100 ਥਾਵਾਂ 'ਤੇ ਵਿਸ਼ੇਸ਼ ਸਮਾਗਮਾਂ ਦਾ ਆਯੋਜਨ ਕਰ ਰਿਹਾ ਏ । ਇਹ ਸਮਾਗਮ ਭਾਰਤ ਦੀ ਅਮੀਰ ਵਿਰਾਸਤ ਅਤੇ ਯੋਗ ਰਿਵਾਇਤਾਂ ਨੂੰ ਪ੍ਰਦਰਸ਼ਿਤ ਕਰਨਗੇ।

---------------------------------------------------------------

ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਕੇਂਦਰੀ ਸੰਚਾਰ ਬਿਊਰੋ, ਜਲੰਧਰ ਵੱਲੋਂ ਅੰਤਰਾਸ਼ਟਰੀ ਯੋਗ ਦਿਵਸ ਦੇ ਸਿਲਸਿਲੇ 'ਚ ਡੀ.ਏ.ਵੀ. ਕਾਲਜ, ਜਲੰਧਰ ਵਿਖੇ ਇੱਕ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਯੋਗ ਸੈਸ਼ਨ ਵਿੱਚ 200 ਤੋਂ ਵੱਧ ਵਿਦਿਆਰਥੀਆਂ ਅਤੇ

ਅਧਿਆਪਕਾਂ ਨੇ ਹਿੱਸਾ ਲਿਆ। ਯੋਗ ਸੈਸ਼ਨ ਦੀ ਅਗਵਾਈ ਯੋਗ ਇੰਸਟ੍ਰਕਟਰ ਸ਼ੈਲੇਸ਼ ਜੈਨ ਅਤੇ ਜੈ ਮਿੱਤਲ ਨੇ ਕੀਤੀ । ਉਨ੍ਹਾਂ ਆਯੁਸ਼ ਮੰਤਰਾਲੇ ਵੱਲੋਂ ਨਿਰਧਾਰਤ  ਯੋਗ ਪ੍ਰੋਟੋਕੋਲ ਮੁਤਾਬਿਕ ਸਿਖਲਾਈ ਦਿੰਦਿਆਂ ਸੰਤੁਲਨ ਅਤੇ ਤਣਾਅ ਤੋਂ ਰਾਹਤ ਲਈ ਵੱਖ-ਵੱਖ ਯੋਗ ਆਸਣਾਂ ਅਤੇ ਪ੍ਰਾਣਾਯਾਮ ਕਰਵਾਏ। ਕਾਲਜ ਦੇ ਪ੍ਰਿੰਸੀਪਲ ਡਾ. ਅਨੂਪ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਵਿਦਿਆਰਥੀ ਜੀਵਨ ਵਿੱਚ ਯੋਗ ਦੀ ਮਹੱਤਤਾ ‘ਤੇ ਜ਼ੋਰ ਦਿੱਤਾ। ਉਨ੍ਹਾਂ ਵਿਦਿਆਰਥੀਆਂ ਨੂੰ ਲੰਬੇ ਸਮੇਂ ਦੀ ਸਿਹਤ ਅਤੇ ਤੰਦਰੁਸਤੀ ਲਈ ਯੋਗ ਨੂੰ ਆਪਣੀ ਰੋਜ਼ਮਰਾ  ਦਾ ਹਿੱਸਾ ਬਣਾਉਣ ਦੀ ਸਲਾਹ ਦਿੱਤੀ। ਉਨ੍ਹਾਂ ਪ੍ਰੋਗਰਾਮ ਦੇ ਆਯੋਜਨ ਲਈ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ।

ਕੇਂਦਰੀ ਸੰਚਾਰ ਬਿਊਰੋ ਦੀ ਨੁਮਾਇੰਦਗੀ ਕਰਦੇ ਹੋਏ ਗੁਰਕਮਲ ਸਿੰਘ ਨੇ ਦੱਸਿਆ ਕਿ ਕੇਂਦਰੀ ਸੰਚਾਰ ਬਿਊਰੋ ਲੋਕਾਂ ਤੱਕ ਕੇਂਦਰ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਬਾਰੇ ਜਾਣਕਾਰੀ ਪਹੁੰਚਾਉਣ ਵਾਲੀ ਨੋਡਲ ਏਜੰਸੀ ਵਜੋਂ ਕੰਮ ਕਰਦੀ ਏ ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੂੰ ਉਨ੍ਹਾਂ ਦੇ ਜਨਮ ਦਿਨ ਮੌਕੇ ਵਧਾਈ ਦਿੱਤੀ ਏ । ਸ੍ਰੀ ਮੋਦੀ ਨੇ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਏ ਕਿ

ਰਾਸ਼ਟਰਪਤੀ ਮੁਰਮੂ ਦੀ ਸਾਦਗੀ, ਨਿਮਰਤਾ ਅਤੇ ਲੋਕ ਸੇਵਾ ਪ੍ਰਤੀ ਵਚਨਬੱਧਤਾ ਦੇਸ਼ ਵਾਸੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ। ਸ਼੍ਰੀ ਮੋਦੀ ਨੇ ਕਿਹਾ ਕਿ ਰਾਸ਼ਟਰਪਤੀ ਮੁਰਮੂ ਨੇ ਦੇਸ਼ ਦੀ ਸ਼ਾਨਦਾਰ ਸੇਵਾ ਕੀਤੀ ਏ ਅਤੇ ਖ਼ਾਸ ਤੌਰ 'ਤੇ ਸਮਾਜ ਦੇ ਵਾਂਝੇ ਵਰਗਾਂ ਦੀ ਭਲਾਈ ਲਈ ਵਚਨਬੱਧ ਰਹੇ ਨੇ। ਉਨ੍ਹਾਂ ਨੇ ਰਾਸ਼ਟਰਪਤੀ ਮੁਰਮੂ ਦੀ ਲੰਬੀ ਉਮਰ ਤੇ ਤੰਦਰੁਸਤ ਜੀਵਨ ਦੀ ਕਾਮਨਾ ਕੀਤੀ। ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਰਾਸ਼ਟਰਪਤੀ ਮੁਰਮੂ ਦੇ ਕਾਰਜਕਾਲ ਦੌਰਾਨ ਦੇਸ਼ ਨੇ ਔਰਤਾਂ ਦੇ ਸਨਮਾਨ ਤੇ ਲੋਕ ਭਲਾਈ ਦੇ ਖੇਤਰ ਵਿੱਚ ਅਨੇਕ ਪ੍ਰਾਪਤੀਆਂ ਕੀਤੀਆਂ ਨੇ। ਉਨ੍ਹਾਂ ਕਿਹਾ ਕਿ ਸੰਘਰਸ਼, ਸਮਰਪਣ ਅਤੇ ਦੇਸ਼ ਭਗਤੀ ਨਾਲ ਭਰਪੂਰ ਰਾਸ਼ਟਰਪਤੀ ਮੁਰਮੂ ਦਾ ਜੀਵਨ ਨਾਰੀ ਸ਼ਕਤੀ, ਨੌਜਵਾਨਾਂ ਤੇ ਦੇਸ਼ ਦੇ ਹਰ ਨਾਗਰਿਕ ਲਈ ਪ੍ਰੇਰਣਾ ਦਾ ਸਰੋਤ ਏ।

--------------------------------------------------------

ਪੰਜਾਬ ਦੇ ਵੱਖ ਵੱਖ ਸ਼ਹਿਰਾਂ ਵਿੱਚ ਆਪਣੇ ਘਰਾਂ ਤੋਂ ਦੂਰ ਰਹਿਣ ਵਾਲੀਆਂ ਕੰਮ-ਕਾਜੀ ਔਰਤਾਂ ਦੀ ਸੁਰੱਖਿਆ ਅਤੇ ਸਹੂਲਤ ਲਈ ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਮੋਹਾਲੀ, ਜਲੰਧਰ ਅਤੇ ਅੰਮ੍ਰਿਤਸਰ ਵਿਖੇ ਪੰਜ ਵਰਕਿੰਗ ਵਿਮੈਨ ਹੋਸਟਲ ਬਣਾਏ ਜਾ ਰਹੇ ਨੇ । ਕੈਬਿਨੇਟ ਮੰਤਰੀ ਡਾ. ਬਲਜੀਤ ਕੌਰ ਨੇ

ਕੱਲ ਮੋਹਾਲੀ ਵਿਖੇ ਸੈਕਟਰ 66 ਵਿਖੇ  ਸੱਤ ਮੰਜ਼ਲੀ ਵਰਕਿੰਗ ਵਿਮੈਨ ਹੋਸਟਲ ਦੀ ਉਸਾਰੀ ਸ਼ੁਰੂ ਕਰਵਾਉਣ ਮੌਕੇ ਕੀਤਾ। ਉਨ੍ਹਾਂ ਦੱਸਿਆ ਕਿ ਇਸ ਹੋਸਟਲ 'ਤੇ ਕਰੀਬ 70 ਕਰੋੜ ਰੁਪਏ ਦੀ ਲਾਗਤ ਆਵੇਗੀ, ਜਿਸ ਦੀ ਉਸਾਰੀ ਲੋਕ ਨਿਰਮਾਣ ਵਿਭਾਗ ਵੱਲੋਂ ਜੰਗੀ ਪੱਧਰ 'ਤੇ ਜਾਰੀ ਏ । ਇਹ ਹੋਸਟਲ ਪੰਜਾਬ ਦਾ ਸਭ ਤੋਂ ਵੱਡਾ ਸਰਕਾਰੀ ਖੇਤਰ ਦਾ ਵਰਕਿੰਗ ਵਿਮੈਨ ਹੋਸਟਲ ਹੋਵੇਗਾ ਜਿੱਥੇ ਕਿ 484 ਮਹਿਲਾਵਾਂ ਨੂੰ ਰਹਿਣ ਦੀ ਅਤਿ ਆਧੁਨਿਕ ਤੇ ਸੁਰੱਖਿਅਤ ਸਹੂਲਤ ਮਿਲੇਗੀ।  ਉਹਨਾਂ ਦੱਸਿਆ ਕਿ ਇਹ ਮੋਹਾਲੀ ਵਿਖੇ ਬਣ ਰਿਹਾ ਤੀਸਰਾ ਵਰਕਿੰਗ ਵਿਮੈਨ ਹੋਸਟਲ ਏ । ਇਸ ਤੋਂ ਪਹਿਲਾਂ ਨਿਫ਼ਟ ਮੁਹਾਲੀ ਫੇਸ 1 ਵਿਖੇ 25 ਕਰੋੜ 26 ਲਖ ਰੁਪਏ ਦੀ ਲਾਗਤ ਨਾਲ 150 ਔਰਤਾਂ ਦੇ ਰਹਿਣ ਦੀ ਸਮਰੱਥਾ ਵਾਲਾ ਹੋਸਟਲ ਨਿਰਮਾਣ ਅਧੀਨ ਏ ।   ਉਹਨਾਂ ਦੱਸਿਆ ਕਿ  ਵਿਭਾਗ ਵੱਲੋਂ ਗਾਂਧੀ ਵਿਨੀਤਾ ਆਸ਼ਰਮ ਜਲੰਧਰ ਵਿਖੇ 100 ਔਰਤਾਂ ਦੇ ਰਹਿਣ ਦੀ ਸਮਰੱਥਾ ਵਾਲਾ 10 ਕਰੋੜ ਤੋਂ ਵੱਧ ਰੁਪਏ ਦੀ ਲਾਗਤ ਵਾਲਾ ਹੋਸਟਲ ਅਤੇ ਅੰਮ੍ਰਿਤਸਰ ਵਿਖੇ 150 ਔਰਤਾਂ ਦੀ ਰਿਹਾਇਸ਼ ਦੀ ਸਮਰੱਥਾ ਵਾਲਾ ਵਰਕਿੰਗ ਵੋਮੈਨ ਹੋਸਟਲ ਨਿਰਮਾਣ ਅਧੀਨ ਏ । ਉਨ੍ਹਾਂ ਕਿਹਾ ਕਿ ਇਹ ਸਾਰੇ ਹੋਸਟਲ ਬਹੁਤ ਜਲਦੀ ਮਿੱਥੇ ਸਮੇਂ ਮੁਤਾਬਿਕ ਤਿਆਰ ਕਰ ਲਏ ਜਾਣਗੇ। ਉਹਨਾਂ ਦੱਸਿਆ ਕਿ ਵਿਭਾਗ ਵੱਲੋਂ ਇਹਨਾਂ ਵਰਕਿੰਗ ਵਿਮੈਨ

ਹੋਸਟਲਾਂ ਵਿੱਚ ਰਹਿਣ ਵਾਲੀਆਂ ਮਹਿਲਾਵਾਂ ਨੂੰ ਬਹੁਤ ਹੀ ਵਾਜਬ ਕਿਰਾਏ 'ਤੇ ਰਿਹਾਇਸ਼ ਉਪਲਬਧ ਕਰਵਾਈ ਜਾਵੇਗੀ।

---------------------------------------------------------

ਸੀਮਾ ਸੁਰੱਖਿਆ ਬਲ-BSF ਨੇ ਬੀਤੇ ਕੱਲ ਪੰਜਾਬ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਇੱਕ ਵਿਅਕਤੀ ਨੂੰ ਅੰਮ੍ਰਿਤਸਰ 'ਚ ਭਾਰਤ-ਪਾਕਿਸਤਾਨ ਅੰਤਰ-ਰਾਸ਼ਟਰੀ ਸਰਹੱਦ ਦੇ ਨੇੜਿਓਂ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਚੋਂ ਇੱਕ AK-47 ਰਾਈਫਲ  ਤੇ 25 ਪਿਸਤੌਲਾਂ, 368 ਅਣਚਲੇ ਕਾਰਤੂਸ ਅਤੇ 48 ਮੈਗਜ਼ੀਨ ਬਰਾਮਦ ਕੀਤੇ ਨੇ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ  ਇਹ ਕਾਰਵਾਈ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ  ਅੰਮ੍ਰਿਤਸਰ ਵੱਲੋਂ ਅਮਲ ਵਿੱਚ ਲਿਆਂਦੀ ਗਈ। ਮੁਲਜ਼ਮ ਦੀ ਪਛਾਣ ਅੰਮ੍ਰਿਤਸਰ ਦੀ ਰੂਪਨਗਰ ਕਲੋਨੀ ਵਾਸੀ ਰੋਹਨ ਖੋਸਲਾ ਵਜੋਂ ਹੋਈ ਏ ।  ਪੁਲਿਸ ਟੀਮ ਨੇ ਮੁਲਜ਼ਮ ਕੋਲੋਂ ਅਮਰੀਕਾ ਦੀ ਬਣੀ ਇੱਕ ਬੁਲੇਟ-ਪਰੂਫ ਜੈਕੇਟ ਅਤੇ ਹਥਿਆਰ ਤਸਕਰੀ ਲਈ ਵਰਤੀ ਜਾਂਦੀ ਉਸਦੀ ਕਾਰ ਨੂੰ ਵੀ ਜ਼ਬਤ ਕੀਤਾ ਏ।
ਅਗਲੀ ਕਾਰਵਾਈ ਕੀਤੀ ਜਾ ਰਹੀ ਏ।

---------------------------------------------------------

ਏਧਰ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਵੀ ਵਿਦੇਸ਼ੀ-ਅਧਾਰਤ ਹੈਂਡਲਰਾਂ ਨਾਲ ਜੁੜੇ ਇੱਕ ਗਿਰੋਹ ਦੇ ਚਾਰ ਮੈਂਬਰਾਂ ਨੂੰ 3 ਪਿਸਤੌਲਾਂ ਅਤੇ

ਅਣਚਲੇ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਜਾਣਕਾਰੀ ਦਿੰਦਿਆਂ ਦਸਿਆ ਕਿ ਮੁਲਜ਼ਮ ਵਿਦੇਸ਼ੀ-ਅਧਾਰਤ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ ਅਤੇ ਜਲੰਧਰ ਅਤੇ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹਿਆਂ ਵਿੱਚ ਕਈ ਗੋਲੀਬਾਰੀ ਦੀਆਂ ਘਟਨਾਵਾਂ ਦੀ ਯੋਜਨਾਬੰਦੀ ਬਣਾਉਂਣ ਵਿੱਚ ਸ਼ਾਮਲ ਸਨ। ਜਲੰਧਰ ਕਮਿਸ਼ਨਰੇਟ ਵਿਖੇ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਕੀਤੀ ਜਾ ਰਹੀ ਏ।

---------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਉਤਰਾਖੰਡ ਅਤੇ ਜੰਮੂ-ਕਸ਼ਮੀਰ ਵਿੱਚ ਅੱਜ ਤੇਜ਼ ਹਵਾਵਾਂ ਤੇ ਗਰਜ-ਚਮਕ ਨਾਲ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ।

---------------------------------------------------------

ਭਾਰਤ ਅਤੇ ਅਫਗਾਨਿਸਤਾਨ ਵਿਚਕਾਰ ਤੀਜਾ ਅਤੇ ਆਖਰੀ ਇਕ ਰੋਜ਼ਾ ਕ੍ਰਿਕਟ ਮੈਚ ਅੱਜ ਦੁਪਹਿਰ ਚੇਨਈ ਦੇ ਐਮ.ਏ ਚਿਦੰਬਰਮ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਇਹ ਮੈਚ ਹੁਨਤੋਂ ਥੋੜੀ ਦੇਰ ਬਾਅਦ ਦੁਪਹਿਰ ਡੇਢ ਵਜੇ ਸ਼ੁਰੂ ਹੋਵੇਗਾ। ਮੇਜ਼ਬਾਨ ਟੀਮ ਪਹਿਲਾਂ ਹੀ 2-0 ਦੀ ਲੀਡ ਨਾਲ ਲੜੀ ਜਿੱਤ ਚੁੱਕੀ ਏ। ਤੇਜ਼ ਗੇਂਦਬਾਜ਼ ਹਰਸ਼ਿਤ ਰਾਣਾ ਗੋਡੇ

ਦੀ ਸੱਟ ਤੋਂ ਠੀਕ ਹੋਣ ਤੋਂ ਬਾਅਦ ਆਖਰੀ  ਮੈਚ ਲਈ ਟੀਮ ਵਿੱਚ ਵਾਪਸ ਆ ਗਏ ਨੇ।

-----------------------------------------------------------